ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## 50.90 ਕਰੋੜ ਦੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ ਅਦਾਇਗੀ -ਈਸ਼ਾ ਕਾਲੀਆ

## ਮੰਡੀਆਂ 'ਚ ਹੁਣ ਤੱਕ 101558 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

## ਅਨਾਜ ਮੰਡੀਆਂ ਵਿੱਚ ਨਿਰਵਿਘਨ ਚੱਲ ਰਹੀ ਹੈ ਝੋਨੇ ਦੀ ਖਰੀਦ

## 93251 ਮੀਟ੍ਰਿਕ ਟਨ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

ਫਾਜ਼ਿਲਕਾ 12 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਅੰਦਰ ਖਰੀਦ ਦਾ ਕੰਮ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵੱਲੋਂ ਕਿਸਾਨਾਂ ਨੂੰ ਬੀਤੀ ਸ਼ਾਮ ਤੱਕ 50.90 ਕਰੋੜ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 101558 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 93251 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਕਿਸਾਨਾਂ ਵੱਲੋਂ ਲਿਆਂਦੇ ਝੋਨੇ ਦੀ ਖਰੀਦ ਕਰਕੇ ਜਲਦ ਤੋਂ ਜਲਦ ਲਿਫਟਿੰਗ ਕਰਵਾਈ ਜਾਵੇ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 19636 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 14131 ਮੀਟ੍ਰਿਕ ਟਨ, ਪਨਸਪ ਵੱਲੋਂ 21191 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 14587 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 6950 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 16737 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।